# 2025-26 ਹਾੜ੍ਹੀ ਮੰਡੀਕਰਨ ਮੌਸਮ ਲਈ ਫ਼ਸਲਾਂ ਦਾ ਐਮ ਐਸ ਪੀ ਬਨਾਮ ਵਿਆਪਕ ਅੰਦਾਜ਼ਨ ਪੈਦਾਵਾਰ ਲਾਗਤ

ਆਉ 2025-26 ਹਾੜ੍ਹੀ ਮੰਡੀਕਰਨ ਮੌਸਮ ਵਿੱਚ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਅਤੇ ਪਿਛਲੇ ਸਾਲ ਉਹਨਾਂ ਦੀ ਅੰਦਾਜ਼ਨ ਵਿਆਪਕ ਉਤਪਾਦਨ ਲਾਗਤ ਉੱਤੇ ਇੱਕ ਨਜ਼ਰ ਮਾਰੀਏ। ਖੇਤੀ ਲਾਗਤਾਂ ਅਤੇ ਕੀਮਤ ਕਮਿਸ਼ਨ (ਸੀ ਏ ਸੀ ਪੀ) ਦੀ ਗਣਨਾ ਦੇ ਅਨੁਸਾਰ, 2025-26 5 ਹਾੜ੍ਹੀ ਮੰਡੀਕਰਨ ਮੌਸਮ ਲਈ ਕਣਕ ਦੀ ਅੰਦਾਜ਼ਨ ਕੁੱਲ ਉਤਪਾਦਨ ਲਾਗਤ 1,720 ਰੁਪਏ ਪ੍ਰਤੀ ਕੁਇੰਟਲ ਸੀ, ਅਤੇ ਜੌਂ ਦੀ 1,737 ਰੁਪਏ ਪ੍ਰਤੀ ਕੁਇੰਟਲ ਹੈ।

ਖੇਤੀਬਾੜੀ ਲਾਗਤਾਂ ਅਤੇ ਕੀਮਤ ਕਮਿਸ਼ਨ (ਸੀ ਏ ਸੀ ਪੀ) ਨੇ 2025-26 ਹਾੜ੍ਹੀ ਮੰਡੀਕਰਨ ਮੌਸਮ ਲਈ ਭਾਰਤ ਦੀਆਂ ਹਾੜ੍ਹੀ ਦੀਆਂ ਫ਼ਸਲਾਂ ਦੀ ਪੈਦਾਵਾਰ ਲਾਗਤ ਦਾ ਅਨੁਮਾਨ ਲਗਾਇਆ ਹੈ। ਇਨ੍ਹਾਂ ਲਾਗਤਾਂ ਦੇ ਆਧਾਰ 'ਤੇ, ਸੀ ਏ ਸੀ ਪੀ ਨੇ ਹਾੜ੍ਹੀ ਦੀਆਂ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ (ਐਮ ਐਸ ਪੀ) ਦੀ ਸਿਫ਼ਾਰਸ਼ ਕੀਤੀ ਸੀ ਜਿਸ ਨੂੰ 18 ਅਕਤੂਬਰ, 2022 ਨੂੰ ਭਾਰਤੀ ਮੰਤਰੀ ਮੰਡਲ ਨੇ ਮਨਜ਼ੂਰੀ ਦਿੱਤੀ ਸੀ।

ਸੀ ਏ ਸੀ ਪੀ ਦੀ ਗਣਨਾ ਦੇ ਮੁਤਾਬਿਕ, ਫ਼ਸਲਾਂ ਦੀ ਪੈਦਾਵਾਰ ਦੀ ਲਾਗਤ ਵਿੱਚ ਏ2 (ਅਸਲ ਅਦਾ ਕੀਤੀ ਲਾਗਤ), ਏ2 + ਐਫ ਐਲ (ਅਸਲ ਅਦਾ ਕੀਤੀ ਲਾਗਤ ਅਤੇ ਪਰਿਵਾਰਕ ਮਿਹਨਤ ਦਾ ਮੁੱਲ) ਅਤੇ ਸੀ2 [ਵਿਆਪਕ ਲਾਗਤ ਜਿਸ ਵਿੱਚ ਆਪਣੀ ਜ਼ਮੀਨ ਦਾ ਠੇਕਾ {ਸ਼ੁੱਧ ਭੂਮੀ ਮਾਲੀਆ ਅਤੇ ਆਪਣੀ ਸਥਿਰ ਪੂੰਜੀ ਸੰਪਤੀਆਂ ਦੇ ਮੁੱਲ 'ਤੇ ਵਿਆਜ (ਜ਼ਮੀਨ ਨੂੰ ਛੱਡ ਕੇ)}] ਸ਼ਾਮਿਲ ਹਨ। ਕਮਿਸ਼ਨ ਹਰੇਕ ਫ਼ਸਲ ਲਈ ਪੈਦਾਵਾਰ ਲਾਗਤ ਦੀ ਗਣਨਾ ਲਈ ਰਾਜ-ਵਾਰ ਅਸਲ ਲਾਗਤ ਅਨੁਮਾਨ ਲੈਂਦਾ ਹੈ।

ਦਾਲਾਂ ਵਿੱਚੋਂ, ਮਸਰ ਲਈ ਵਿਆਪਕ ਅੰਦਾਜ਼ਨ ਲਾਗਤ 5,061 ਰੁਪਏ ਪ੍ਰਤੀ ਕੁਇੰਟਲ ਅਤੇ ਛੋਲਿਆਂ ਲਈ 4,662 ਰੁਪਏ ਪ੍ਰਤੀ ਕੁਇੰਟਲ ਹੈ। ਮਸਰਾਂ ਅਤੇ ਛੋਲਿਆਂ ਦਾ ਘੱਟੋ-ਘੱਟ ਸਮਰਥਨ ਮੁੱਲ ਕ੍ਰਮਵਾਰ 6,700 ਰੁਪਏ ਪ੍ਰਤੀ ਕੁਇੰਟਲ ਅਤੇ 5,650 ਰੁਪਏ ਪ੍ਰਤੀ ਕੁਇੰਟਲ ਹੈ।

ਤੇਲ ਬੀਜਾਂ ਵਿੱਚ, ਸੀ ਏ ਸੀ ਪੀ ਨੇ ਤੋਰੀਆ-ਸਰ੍ਹੋਂ ਲਈ 4,294 ਰੁਪਏ ਪ੍ਰਤੀ ਕੁਇੰਟਲ ਅਤੇ ਕੁਸੰਭਾ ਲਈ 5,550 ਰੁਪਏ ਪ੍ਰਤੀ ਕੁਇੰਟਲ ਵਿਆਪਕ ਅੰਦਾਜ਼ਨ ਪੈਦਾਵਾਰ ਲਾਗਤ ਦੀ ਗਣਨਾ ਕੀਤੀ ਹੈ। ਤੋਰੀਆ-ਸਰ੍ਹੋਂ ਦਾ ਘੱਟੋ-ਘੱਟ ਸਮਰਥਨ ਮੁੱਲ 5,950 ਰੁਪਏ ਪ੍ਰਤੀ ਕੁਇੰਟਲ ਅਤੇ ਕੁਸੰਭਾ ਲਈ 5,940 ਰੁਪਏ ਪ੍ਰਤੀ ਕੁਇੰਟਲ ਹੈ।

**2025-26 ਹਾੜ੍ਹੀ ਮੰਡੀਕਰਨ ਮੌਸਮ ਲਈ ਫ਼ਸਲਾਂ ਦੀ ਅੰਦਾਜ਼ਨ ਪੈਦਾਵਾਰ ਲਾਗਤ ਅਤੇ ਐਮ ਐਸ ਪੀ**

| ਫ਼ਸਲ | 2025-26 ਹਾੜ੍ਹੀ ਮੰਡੀਕਰਨ ਮੌਸਮ ਦੌਰਾਨ ਅੰਦਾਜ਼ਨ ਪੈਦਾਵਾਰ ਲਾਗਤ (ਰੁਪਏ ਪ੍ਰਤੀ ਕੁਇੰਟਲ) | | | 2025-26 ਦੇ ਲਈ ਐਮ ਐਸ ਪੀ (ਰੁਪਏ/ਕੁਇੰਟਲ) |
|---|---|---|---|---|
| | *ਏ2 | **ਏ2+ਐਫਐਲ | #ਸੀ2 | |
| ਕਣਕ | 947 | 1,182 | 1,720 | 2,425 |
| ਜੌਂ | 816 | 1,239 | 1,737 | 1,980 |
| ਛੋਲੇ | 2,747 | 3,527 | 4,662 | 5,650 |
| ਮਸਰ | 2,649 | 3,537 | 5,061 | 6,700 |
| ਸਰ੍ਹੋਂ ਅਤੇ ਤਾਰਾਮੀਰਾ | 2,066 | 3,011 | 4,294 | 5,950 |
| ਕੁਸੰਭਾ | 3,052 | 3,960 | 5,550 | 5,940 |

**ਸਰੋਤ:** ਸੀ ਏ ਸੀ ਪੀ ਗਣਨਾ

ਏ2: ਅਸਲ ਅਦਾ ਕੀਤੀ ਲਾਗਤ

ਏ2+ਐਫਐਲ: ਅਸਲ ਅਦਾ ਕੀਤੀ ਲਾਗਤ ਅਤੇ ਪਰਿਵਾਰਕ ਮਿਹਨਤ ਦਾ ਮੁੱਲ

#ਸੀ2: ਵਿਆਪਕ ਲਾਗਤ ਜਿਸ ਵਿੱਚ ਆਪਣੀ ਜ਼ਮੀਨ ਦਾ ਠੇਕਾ {ਸ਼ੁੱਧ ਭੂਮੀ ਮਾਲੀਆ ਅਤੇ ਆਪਣੀ ਸਥਿਰ ਪੂੰਜੀ ਸੰਪਤੀਆਂ ਦੇ ਮੁੱਲ 'ਤੇ ਵਿਆਜ (ਜ਼ਮੀਨ ਨੂੰ ਛੱਡ ਕੇ)}